# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :27-02-2026**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਬਿੱਟੂ ਨੇ ਪਠਾਨਕੋਟ ਜ਼ਿਲ੍ਹੇ ਵਿੱਚ ਚੱਲ ਰਹੇ ਰੇਲਵੇ ਪ੍ਰੋਜੈਕਟਾਂ ਦਾ ਜਾਇਜ਼ਾ ਲਿਆ -ਕਿਹਾ ਅੰਡਰਪਾਸ ਵਿੱਚ ਆਉਣ ਵਾਲੀਆਂ ਰੁਕਾਵਟਾਂ ਨੂੰ ਕੀਤਾ ਜਾਵੇਗਾ ਦੂਰ।
- ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਬੀਤੇ ਇਨੀ ਪੁਲਿਸ ਮੁਲਾਜ਼ਮਾਂ ਦੇ ਕਤਲ ਮਾਮਲੇ 'ਚ ਤਰਨਤਾਰਨ ਵਿੱਚ ਰਣਜੀਤ ਸਿੰਘ ਦੇ ਪੁਲਿਸ ਮੁਕਾਬਲੇ ਦੀ ਆਜ਼ਾਦ , ਭਰੋਸੇਯੋਗ ਅਤੇ ਪਾਰਦਰਸ਼ੀ ਜਾਂਚ ਦੀ ਮੰਗ ਕੀਤੀ ।
- ਪੰਜਾਬ ਸਰਕਾਰ ਨੇ ਸੁਣਨ ਤੋਂ ਅਸਮਰਥ ਬੱਚਿਆਂ ਦੀ ਸਹੂਲਤ ਲਈ, ਸੂਬੇ ਦੇ ਸਾਰੇ ਮੈਡੀਕਲ ਕਾਲਜਾਂ ਨੂੰ ਮੁਫ਼ਤ ਪ੍ਰਦਾਨ ਕੀਤੇ ਕੋਕਲੀਅਰ ਇਮਪਲਾਂਟ I

- ਪੰਜਾਬ ਭਰ ਵਿਚ ਜ਼ਿਲ੍ਹਾ ਪ੍ਰਸ਼ਾਸਨਾਂ ਵੱਲੋਂ ਪੰਚਾਇਤ ਸਮਿਤੀ ਅਤੇ ਜ਼ਿਲ੍ਹਾ ਪਰਿਸ਼ਦ ਦੇ ਨਵੇਂ ਚੁਣੇ ਗਏ ਮੈਂਬਰਾਂ ਲਈ ਸਹੁੰ ਚੁੱਕ ਸਮਾਗਮ ਦਾ ਆਯੋਜਨ।
- ICC ਟਵੈਂਟੀ-ਟਵੈਂਟੀ ਵਿਸ਼ਵ ਕੱਪ ਦੇ ਸੁਪਰ-8 ਗਰੁੱਪ 2 ਮੈਚ ਵਿੱਚ, ਅੱਜ ਸ਼ਾਮ ਇੰਗਲੈਂਡ ਦਾ ਮੁਕਾਬਲਾ ਨਿਊਜ਼ੀਲੈਂਡ ਨਾਲ ਹੋਵੇਗਾ।

------------------------------------------------------------------------

ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਬਿੱਟੂ ਨੇ ਪਠਾਨਕੋਟ ਜ਼ਿਲ੍ਹੇ ਵਿੱਚ ਚੱਲ ਰਹੇ ਰੇਲਵੇ ਪ੍ਰੋਜੈਕਟਾਂ ਦਾ ਜਾਇਜ਼ਾ ਲਿਆ । ਉਨ੍ਹਾਂ ਦੇ ਨਾਲ ਪੰਜਾਬ BJP ਦੇ ਕਾਰਜਕਾਰੀ ਪ੍ਰਧਾਨ ਅਤੇ ਪਠਾਨਕੋਟ ਦੇ ਵਿਧਾਇਕ ਅਸ਼ਵਨੀ ਸ਼ਰਮਾ ਵੀ ਮੌਜੂਦ ਸਨ। ਉਨ੍ਹਾਂ ਨੇ ਨਲੂੰਗਾ ਵਿੱਚ ਤਜਵੀਜ਼ਸ਼ੁਦਾ ਅੰਡਰਪਾਸ ਦੀ ਜਗ੍ਹਾ ਦਾ ਨਿਰੀਖਣ ਕੀਤਾ ਅਤੇ ਭਰੋਸਾ ਦਿੱਤਾ ਕਿ ਅੰਡਰਪਾਸ ਵਿੱਚ ਆਉਣ ਵਾਲੀਆਂ ਕਿਸੇ ਵੀ ਰੁਕਾਵਟ ਨੂੰ ਦੂਰ ਕੀਤਾ ਜਾਵੇਗਾ। ਉਨ੍ਹਾਂ ਪਠਾਨਕੋਟ ਕੈਂਟ ਰੇਲਵੇ ਸਟੇਸ਼ਨ ਦਾ ਵੀ ਦੌਰਾ ਕੀਤਾ ਅਤੇ ਉੱਥੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ । ਸ੍ਰੀ ਬਿੱਟੂ ਨੇ ਪੰਜਾਬ ਵਿੱਚ ਵਿਗੜਦੀ ਕਾਨੂੰਨ ਵਿਵਸਥਾ ਲਈ ਸੂਬਾ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ ਅਤੇ ਉਸ 'ਤੇ ਲੋਕਾਂ ਨੂੰ ਗੁੰਮਰਾਹ

ਕਰਨ ਦਾ ਇਲਜ਼ਾਮ ਲਗਾਇਆ।

-------------------------------------------------------------------

ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਤਰਨਤਾਰਨ ਵਿੱਚ ਰਣਜੀਤ ਸਿੰਘ ਦੇ ਮੁਕਾਬਲੇ ਦੀ ਆਜ਼ਾਦ , ਭਰੋਸੇਯੋਗ ਅਤੇ ਪਾਰਦਰਸ਼ੀ ਜਾਂਚ ਦੀ ਮੰਗ ਕੀਤੀ ਏ , ਜਿਸ ਬਾਰੇ ਪੁਲਿਸ ਨੇ ਦਾਅਵਾ ਕੀਤਾ ਸੀ ਕਿ ਉਹ 22 ਫਰਵਰੀ ਨੂੰ ਗੁਰਦਾਸਪੁਰ ਵਿੱਚ ਦੋ ਪੁਲਿਸ ਮੁਲਾਜ਼ਮਾਂ ਦੀ ਹੱਤਿਆ ਵਿੱਚ ਸ਼ਾਮਲ ਸੀ। ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ੍ਰੀ ਜਾਖੜ ਨੇ ਇਲ੍ਜ਼ਾਮ ਲਗਾਇਆ ਕਿ ਪੁਲਿਸ ਵਲੋਂ ਕੀਤੇ ਮੁਕਾਬਲੇ ਦੀ ਕਹਾਣੀ ਵਿੱਚ ਬਹੁਤ ਸਾਰੀਆਂ ਖਾਮੀਆਂ ਨੇ ਅਤੇ ਸੂਬਾ ਸਰਕਾਰ ਨੂੰ ਇਹ ਪਤਾ ਲਗਾਉਣ ਲਈ ਸਾਫ਼-ਸਾਫ਼ ਸਾਹਮਣੇ ਆਉਣਾ ਪਵੇਗਾ ਕਿ ਇਹ, ਇੱਕ ਅਸਲੀ ਮੁਕਾਬਲਾ ਸੀ ਜਾਂ ਇਹ ਨਾਟਕੀ ਮੁਕਾਬਲਾ । ਉਨ੍ਹਾਂ ਕਿਹਾ ਕਿ ਇਹ ਪੰਜਾਬ ਸਰਕਾਰ ਦੀ ਸਾਖ ਅਤੇ ਭਰੋਸੇਯੋਗਤਾ ਦਾ ਸਵਾਲ ਏ । BYTE:RNU270226 ਉਨ੍ਹਾਂ ਕਿਹਾ ਕਿ ਭਾਵੇਂ ਉਹ ਪੁਲਿਸ ਮੁਲਾਜ਼ਮਾਂ ਦੀਆਂ ਹੱਤਿਆਵਾਂ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਕਲੀਨ ਚਿੱਟ ਨਹੀਂ ਦੇ ਰਹੇ ਨੇ ਪਰ ਇਸ ਮੁਕਾਬਲੇ ਦੇ ਸਿਧਾਂਤ ਵਿੱਚ ਆਮ ਧਾਰਨਾ ਪੁਲਿਸ ਦੇ ਖਿਲਾਫ ਏ । ਪੁਲਿਸ ਨੇ ਬੀਤੇ ਦਿਨੀ ਗੁਰਦਾਸਪੁਰ ਵਿੱਚ ਇੱਕ ASI ਅਤੇ ਹੋਮਗਾਰਡ ਦੇ ਕਤਲ ਵਿੱਚ ਕਥਿਤ ਸ਼ਮੂਲੀਅਤ ਦੇ ਦੋਸ਼ ਵਿੱਚ ਰਣਜੀਤ ਦੀ ਗੋਲੀ

ਮਾਰ ਕੇ ਹੱਤਿਆ ਕਰ ਦਿੱਤੀ ਸੀ ਅਤੇ ਇੱਕ ਹੋਰ ਨੌਜਵਾਨ ਦਿਲਾਵਰ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਸੀ। ਪੁਲਿਸ ਨੇ ਦਾਅਵਾ ਕੀਤਾ ਸੀ ਕਿ ਉਨ੍ਹਾਂ ਦਾ ਸਾਥੀ ਇੰਦਰਜੀਤ ਸਿੰਘ ਕਥਿਤ ਤੌਰ 'ਤੇ ਫਰਾਰ ਏ । ਇਸ ਦੌਰਾਨ, ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਸਮੇਤ ਹੋਰ ਰਾਜਨੀਤਿਕ ਪਾਰਟੀਆਂ ਦੇ ਨੇਤਾਵਾਂ ਨੇ ਵੀ ਮੁਕਾਬਲੇ ਦੀ ਸੱਚਾਈ 'ਤੇ ਚਿੰਤਾਵਾਂ ਜ਼ਾਹਰ ਕੀਤੀਆਂ ਹਨ ਅਤੇ ਇਸਦੀ ਜਾਂਚ ਦੀ ਮੰਗ ਕੀਤੀ ਹੈ।

----------------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਦੇ ਜੇਲ੍ਹ ਵਿਭਾਗ ਵਿੱਚ ਜੇਲ੍ਹ ਵਾਰਡਰ-ਗਰੁੱਪ ਸੀ ਦੇ ਅਹੁਦੇ 'ਤੇ ਸਿੱਧੀ ਭਰਤੀ ਵਿੱਚ ਸਾਬਕਾ ਅਗਨੀਵੀਰਾਂ ਨੂੰ 20 ਫੀਸਦੀ ਹੋਰਿਜੈਂਟਲ ਰਾਖਵਾਂਕਰਨ ਦੇਣ ਨੂੰ ਮਨਜ਼ੂਰੀ ਦੇ ਦਿੱਤੀ ਏ । ਇਹ ਪ੍ਰਵਾਨਗੀ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਦੇ ਇੱਕ ਪੱਤਰ ਮਤਾਬਿਕ ਦਿੱਤੀ ਗਈ ਏ । ਹਾਲਾਂਕਿ, ਭਰਤੀ ਲਾਗੂ ਨਿਯਮਾਂ ਮਤਾਬਿਕ ਕੀਤੀ ਜਾਵੇਗੀ । ਇਸ ਤੋਂ ਇਲਾਵਾ, ਚੰਡੀਗੜ੍ਹ ਫਾਇਰ ਸਰਵਿਸਿਜ਼ ਅਤੇ ਜੰਗਲਾਤ ਵਿਭਾਗ ਵਿੱਚ ਵੀ ਯੋਗ ਅਸਾਮੀਆਂ ਲਈ 20 ਫੀਸਦੀ ਹੋਰਿਜੈਂਟਲ ਰਾਖਵਾਂਕਰਨ ਦਿੱਤਾ ਜਾਵੇਗਾ। ਸ਼੍ਰੀ ਕਟਾਰੀਆ ਨੇ ਪਹਿਲਾਂ ਵੀ ਚੰਡੀਗੜ੍ਹ ਪੁਲਿਸ ਵਿੱਚ ਕਾਂਸਟੇਬਲ (ਕਾਰਜਕਾਰੀ ਅਤੇ ਵਾਇਰਲੈੱਸ) ਦੇ ਅਹੁਦੇ 'ਤੇ ਸਿੱਧੀ

ਭਰਤੀ ਵਿੱਚ ਸਾਬਕਾ ਅਗਨੀਵੀਰਾਂ ਨੂੰ 20 ਫੀਸਦੀ ਹੋਰਿੰਜੈਂਟਲ ਰਾਖਵਾਂਕਰਨ ਦੇਣ ਲਈ ਇਸੇ ਤਰ੍ਹਾਂ ਦੀ ਪ੍ਰਵਾਨਗੀ ਦਿੱਤੀ ਸੀ, ਜਿਸ ਵਿੱਚ ਆਈ.ਆਰ.ਬੀ ਵਿੱਚ ਅਸਾਮੀਆਂ ਵੀ ਸ਼ਾਮਲ ਨੇ ।

--------------------------------------------------------------------------

ਪੰਜਾਬ ਸਰਕਾਰ ਨੇ ਆਪਣੇ ਆਧੁਨਿਕ ਕੋਕਲੀਅਰ ਇਮਪਲਾਂਟ ਸਰਜਰੀਆਂ ਦੀ ਸਹੂਲਤ ਸ਼ੁਰੂ ਕਰ ਦਿੱਤੀ ਏ , ਜੋ ਪੂਰੀ ਤਰ੍ਹਾਂ ਮੁਫ਼ਤ ਏ । ਸਿਹਤ ਮੰਤਰੀ ਬਲਬੀਰ ਸਿੰਘ ਨੇ ਦਸਿਆ ਕਿ ਇਹ ਸੇਵਾ ਜੋ ਹੁਣ ਤੱਕ ਆਮ ਵਰਗ ਦੀ ਪਹੁੰਚ ਤੋਂ ਬਾਹਰ ਸੀ ਅਤੇ ਸਿਰਫ਼ ਕੁਝ ਖਾਸ ਲੋਕਾਂ ਤੱਕ ਹੀ ਸੀਮਿਤ ਸੀ, ਹੁਣ ਸਮੁੱਚੇ ਸੂਬੇ ਦੇ ਬੱਚਿਆਂ ਲਈ ਮੁਫ਼ਤ ਉਪਲਬਧ ਏ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਸਰਵਣ ਅਸ਼ੀਰਵਾਦ ਯੋਜਨਾ, "ਸੁਣਨ ਦਾ ਹੱਕ ਸਭਦਾ" ਸ਼ੁਰੂ ਕਰਕੇ ਫੈਸਲਾਕੁੰਨ ਕਦਮ ਚੁੱਕਿਆ। ਇਸ ਪਹਿਲਕਦਮੀ ਤਹਿਤ, ਪੰਜਾਬ ਸਰਕਾਰ ਵੱਲੋਂ 100 ਫੀਸਦੀ ਸੂਬਾਈ ਫੰਡਾਂ ਰਾਹੀਂ ਕੋਕਲੀਅਰ ਇਮਪਲਾਂਟ ਸਰਜਰੀਆਂ ਪੂਰੀ ਤਰ੍ਹਾਂ ਮੁਫਤ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਸੂਬਾ ਸਰਕਾਰ ਨੇ ਇਮਪਲਾਂਟ ਡਿਵਾਈਸ, ਸਰਜਰੀ ਅਤੇ ਹਸਪਤਾਲ ਵਿੱਚ ਭਰਤੀ ਸਮੇਤ ਸਾਰੇ ਖਰਚਿਆਂ ਦਾ ਬੋਝ ਚੁੱਕਿਆ, ਜਦੋਂ ਕਿ ਸਰਕਾਰੀ ਮੈਡੀਕਲ ਕਾਲਜਾਂ ਨੂੰ ਉੱਚਤਮ ਮਿਆਰਾਂ ਨਾਲ ਉੱਨਤ, ਵਿਸ਼ੇਸ਼ ਦੇਖਭਾਲ ਪ੍ਰਦਾਨ ਕਰਨ ਲਈ ਮਜ਼ਬੂਤ ਕੀਤਾ ਏ ।

ਅੰਮ੍ਰਿਤਸਰ ਦੇ ਸਰਕਾਰੀ ਮੈਡੀਕਲ ਕਾਲਜ, ਵਿਖੇ ਸਫ਼ਲ ਅਜ਼ਮਾਇਸ਼ ਤੋਂ ਬਾਅਦ ਸਰਕਾਰ ਨੇ ਸੁਣਨ ਤੋਂ ਅਸਮਰਥ ਬੱਚਿਆਂ ਦੀ ਸਮੱਸਿਆ ਨੂੰ ਯੋਜਨਾਬੱਧ ਢੰਗ ਨਾਲ ਖਤਮ ਕਰਨ ਲਈ ਇੱਕ ਮਜ਼ਬੂਤ ਸਰਜੀਕਲ ਢਾਂਚਾ ਸਥਾਪਤ ਕੀਤਾ ਏ । ਕੋਕਲੀਅਰ ਇਮਪਲਾਂਟ ਸਰਜਰੀਆਂ ਹੁਣ ਅੰਮ੍ਰਿਤਸਰ, , ਪਟਿਆਲਾ , ਫਰੀਦਕੋਟ ਅਤੇ ਐਸਏਐਸ ਨਗਰ ਦੇ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ, ਵਿਖੇ ਪੂਰੀ ਤਰ੍ਹਾਂ ਕਾਰਜਸ਼ੀਲ ਨੇ । ਇਹ ਰਾਜ ਵਿਆਪੀ ਸੰਸਥਾਗਤ ਨੈੱਟਵਰਕ ਇਹ ਯਕੀਨੀ ਬਣਾਉਂਦਾ ਏ ਕਿ ਸੁਣਨ 'ਚ ਅਸਮਰੱਥ ਬੱਚਿਆਂ ਅਤੇ ਬਾਲਗਾਂ ਲਈ ਹੁਣ ਇਸ ਸਬੰਧੀ ਆਧੁਨਿਕ ਇਲਾਜ ਸੇਵਾਵਾਂ ਤੱਕ ਪਹੁੰਚ ਸੁਖਾਲੀ ਹੋਵੇਗੀ ।

----------------------------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਦੀ ਪਹਿਲਕਦਮੀ 'ਤੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੀ ਪ੍ਰਧਾਨਗੀ ਹੇਠ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਮੀਟਿੰਗ ਦਾ ਮਕਸਦ ਖੁਰਾਕ ਸੁਰੱਖਿਆ, ਪੋਸ਼ਣ ਅਤੇ ਸਮਾਜਿਕ ਭਲਾਈ ਨਾਲ ਜੁੜੀਆਂ ਯੋਜਨਾਵਾਂ ਦੀ ਪ੍ਰਭਾਵਸ਼ਾਲੀ ਅਮਲਦਾਰੀ ਨੂੰ ਹੋਰ ਮਜ਼ਬੂਤ ਕਰਨਾ ਸੀ। ਮੀਟਿੰਗ ਦੌਰਾਨ ਡਾ. ਬਲਜੀਤ ਕੌਰ ਨੇ ਖੁਰਾਕ ਸੁਰੱਖਿਆ ਅਤੇ ਪੋਸ਼ਣ ਨਾਲ ਜੁੜੇ ਮਸਲਿਆਂ 'ਤੇ ਵਿਸਥਾਰ ਨਾਲ ਚਰਚਾ

ਕਰਦਿਆਂ ਕਿਹਾ ਕਿ ਸਰਕਾਰ ਦੀ ਖੁਰਾਕ ਸੁਰੱਖਿਆ ਯੋਜਨਾ ਤਹਿਤ ਯੋਗ ਸੰਸਥਾਵਾਂ ਨੂੰ ਪ੍ਰਤੀ ਵਿਅਕਤੀ ਪ੍ਰਤੀ ਮਹੀਨਾ 15 ਕਿਲੋਗ੍ਰਾਮ ਅਨਾਜ ਸਬਸਿਡੀ ਦਰਾਂ 'ਤੇ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਜਾਵੇ। ਇਹ ਸਹੂਲਤ ਪਿੰਗਲਵਾੜਾ ਸੰਸਥਾਵਾਂ, ਬਿਰਧ ਆਸ਼ਰਮਾਂ, ਬੇਸਹਾਰਾ ਘਰਾਂ ਸਮੇਤ ਮਾਨਤਾ ਪ੍ਰਾਪਤ ਭਲਾਈ ਸੰਸਥਾਵਾਂ, ਅਨੁਸੂਚਿਤ ਜਾਤੀ ਦੀਆਂ ਵਿਦਿਆਰਥਣਾਂ ਲਈ ਹੋਸਟਲਾਂ ਅਤੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੇ ਸਕੂਲਾਂ ਤੱਕ ਨਿਰੰਤਰ ਵਧਾਈ ਜਾਣੀ ਚਾਹੀਦੀ ਏ । ਇਸ ਤੋਂ ਇਲਾਵਾ, ਬਿਰਧ ਆਸ਼ਰਮਾਂ ਵਿੱਚ ਰਹਿੰਦੇ ਯੋਗ ਬਜ਼ੁਰਗਾਂ ਨੂੰ ਬੁਢਾਪਾ ਪੈਨਸ਼ਨ ਦੇਣ ਅਤੇ ਪਿੰਗਲਵਾੜਾ ਸਮੇਤ ਹੋਰ ਗੈਰ-ਮਾਨਤਾ ਪ੍ਰਾਪਤ ਸੰਸਥਾਵਾਂ ਦੇ ਨਿਵਾਸੀਆਂ ਨੂੰ ਮਿਡ-ਡੇ-ਮੀਲ ਸਕੀਮ ਦੇ ਲਾਭ ਪ੍ਰਦਾਨ ਕਰਨ ਸਬੰਧੀ ਮਾਮਲਿਆਂ 'ਤੇ ਵੀ ਡਾ. ਬਲਜੀਤ ਕੌਰ ਦੀ ਅਗਵਾਈ ਹੇਠ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ। ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਸੁਧਾਰਯੋਗ ਹਾਲਤ ਵਿੱਚ ਮੌਜੂਦ ਆਂਗਣਵਾੜੀ ਕੇਂਦਰਾਂ ਦੀ ਮੁਰੰਮਤ ਅਤੇ ਉਸਾਰੀ ਦੀ ਲੋੜ 'ਤੇ ਮੰਤਰੀ ਡਾ. ਬਲਜੀਤ ਕੌਰ ਨੇ ਵਿਭਾਗਾਂ ਦਰਮਿਆਨ ਬਿਹਤਰ ਤਾਲਮੇਲ ਸਥਾਪਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ । ਮੀਟਿੰਗ ਵਿੱਚ ਪੋਸ਼ਣ ਵਾਟਿਕਾ ਯੋਜਨਾ ਤਹਿਤ ਰਸੋਈ ਬਾਗ ਅਤੇ ਔਸ਼ਧੀ ਬਾਗ ਵਿਕਸਤ ਕਰਨ, ਆਂਗਣਵਾੜੀ ਵਰਕਰਾਂ ਨੂੰ

ਮੋਬਾਈਲ ਫੋਨ ਉਪਲਬਧ ਕਰਵਾਉਣ ਸਬੰਧੀ ਸੁਝਾਵਾਂ ‘ਤੇ ਵੀ ਵਿਚਾਰ ਕੀਤਾ ਗਿਆ।

-----------------------------------------------------------------------

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਆਜ਼ਾਦੀ ਘੁਲਾਟੀਏ ਚੰਦਰਸ਼ੇਖਰ ਆਜ਼ਾਦ ਨੂੰ ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਸ਼ਰਧਾਂਜਲੀ ਭੇਟ ਕੀਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਚੰਦਰਸ਼ੇਖਰ ਆਜ਼ਾਦ ਨਾ ਸਿਰਫ਼ ਇੱਕ ਇਨਕਲਾਬੀ ਸਨ ਸਗੋਂ ਅਦੁੱਤੀ ਹਿੰਮਤ ਦੀ ਮਿਸਾਲ ਵੀ ਸਨ ਵੀ ਸਨ। ਉਨ੍ਹਾਂ ਨੇ ਬ੍ਰਿਟਿਸ਼ ਸ਼ਾਸਨ ਦੀ ਬੁਨਿਆਦ ਨੂੰ ਹਿਲਾ ਦਿੱਤਾ। ਆਪਣੇ ਨਾਮ 'ਤੇ ਖਰਾ ਉਤਰਨ ਵਾਲੇ ਆਜ਼ਾਦ ਬਾਰੇ, ਉਪ ਰਾਸ਼ਟਰਪਤੀ ਨੇ ਕਿਹਾ ਕਿ ਅਮਰ ਸ਼ਹੀਦ ਪੀੜ੍ਹੀਆਂ ਨੂੰ ਦੇਸ਼ ਦੀ ਸੇਵਾ ਲਈ ਪ੍ਰੇਰਿਤ ਕਰਦੇ ਰਹਿਣਗੇ। ਪ੍ਰਧਾਨ ਮੰਤਰੀ ਮੋਦੀ ਨੇ ਮਹਾਨ ਆਜ਼ਾਦੀ ਘੁਲਾਟੀਏ ਚੰਦਰਸ਼ੇਖਰ ਆਜ਼ਾਦ ਨੂੰ ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਚੰਦਰਸ਼ੇਖਰ ਆਜ਼ਾਦ ਦਾ ਜੀਵਨ ਸਾਨੂੰ ਸਿਖਾਉਂਦਾ ਏ ਕਿ ਸੱਚੀ ਬਹਾਦਰੀ, ਅਨਿਆਂ ਖਿਲਾਫ ਮਜ਼ਬੂਤੀ ਨਾਲ ਖੜ੍ਹੇ ਹੋਣ ਦੇ ਇਰਾਦੇ ਵਿੱਚ ਹੈ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਚੰਦਰਸ਼ੇਖਰ ਆਜ਼ਾਦ ਨੇ

ਬ੍ਰਿਟਿਸ਼ ਰਾਜ ਖਿਲਾਫ ਬਹਾਦਰੀ ਨਾਲ ਲੜਾਈ ਲੜੀ ਅਤੇ ਆਪਣੇ ਆਖਰੀ ਸਾਹ ਤੱਕ ਵੰਦੇ ਮਾਤਰਮ ਦਾ ਨਾਅਰਾ ਲਗਾਇਆ।

------------------------------------------------------------------

ਤਰਨਤਾਰਨ ਮਾਨਸਾ ਜਲੰਧਰ ਸਮੇਤ ਵੱਖ ਵੱਖ ਜ਼ਿਲਿਆਂ ਵਿਚ ਅੱਜ ਬਲਾਕ ਸੰਮਤੀ ਅਤੇ ਜਿਲਾ ਪ੍ਰੀਸਦ ਮੈਬਰਾਂ ਨੂੰ ਸਹੁੰ ਚੁਕਾਈ ਗਈ । ਸੂਬਾ ਸਰਕਾਰ ਵੱਲੋ ਬੀਤੇ ਦਿਨੀ ਬਲਾਕ ਸੰਮਤੀ ਅਤੇ ਜਿਲਾ ਪ੍ਰੀਸਦ ਦੀਆ ਚੋਣਾ ਹੋਈਆ ਸਨ । ਅੱਜ ਤਰਨਤਾਰਨ ਨਹਿਰੂ ਯੁਵਾ ਭਵਨ ਵਿਚ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਅਗਵਾਈ ਹੇਠ ਬਲਾਕ ਸੰਮਤੀ ਅਤੇ ਜਿਲਾ ਪ੍ਰੀਸਦ ਮੈਬਰਾਂ ਨੂੰ ਸਹੁੰ ਚੁੱਕ ਸਮਾਗਮ ਕਰਵਾਇਆ ਗਿਆ । ਏਧਰ ਜਲੰਧਰ ਵਿਚ ਪੇਂਡੂ ਤੇ ਵਿਕਾਸ ਬਾਰੇ ਵਧੀਕ ਡਿਪਟੀ ਕਮਿਸ਼ਨਰ ਦਿਵਿਆ ਪੀ. ਨੇ ਅਤੇ ਮਾਨਸਾ ਦੇ ਵਧੀਕ ਡਿਪਟੀ ਕਮਿਸ਼ਨਰ ਆਕਾਸ਼ ਬਾਂਸਲ ਨੇ ਨਵੇਂ ਚੁਣੇ ਨੁਮਾਇੰਦਿਆਂ ਨੂੰ ਸਹੁੰ ਚੁਕਾਈ। ਇਸ ਮੌਕੇ ਮਾਨਸਾ ਜ਼ਿਲ੍ਹੇ ਦੇ ਵਿਧਾਇਕਾਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਸ਼ਿਰਕਤ ਕੀਤੀ। ਉਨ੍ਹਾਂ ਭਰੋਸਾ ਦਿੱਤਾ ਕਿ ਪੇਂਡੂ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਬੁਢਲਾਡਾ ਤੋਂ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਇਹ ਚੋਣਾਂ ਪੂਰੀ ਤਰ੍ਹਾਂ ਪਾਰਦਰਸ਼ੀ ਪ੍ਰਣਾਲੀ ਨਾਲ ਨੇਪਰੇ ਚੜ੍ਹੀਆਂ ਸਨ, ਹੁਣ ਚੁਣੇ

ਗਏ ਨੁਮਾਇੰਦਿਆਂ ਦੀ ਜ਼ਿੰਮੇਵਾਰੀ ਬਣਦੀ ਏ ਕਿ ਉਹ ਪਾਰਟੀਬਾਜ਼ੀ ਤੋਂ ਉੱਪਰ ਉੱਠਕੇ ਅਤੇ ਜ਼ਿੰਮੇਵਾਰੀ ਦੀ ਭਾਵਨਾ ਨਾਲ ਸਮੁੱਚੇ ਲੋਕਾਂ ਦੀ ਸੇਵਾ ਕਰਨ।

-------------------------------------------------------------------

ਅੰਮ੍ਰਿਤਸਰ ਪੁਲਿਸ ਨੇ ਅੰਮ੍ਰਿਤਸਰ ਦੇ ਮੈਰੀਟੋਰੀਅਸ ਸਕੂਲ ਨੂੰ ਧਮਕੀ ਭਰੀ ਈ-ਮੇਲ ਮਿਲਣ ਤੋਂ ਬਾਅਦ ਤੁਰੰਤ ਕਾਰਵਾਈ ਕੀਤੀ ਏ । ਕਾਨੂੰਨ ਤੇ ਵਿਵਸਥਾ ਬਾਰੇ ਡੀਸੀਪੀ ਵਿਜੇ ਆਲਮ ਸਿੰਘ ਨੇ ਦਸਿਆ ਕਿ ਪੁਲਿਸ ਟੀਮਾਂ ਨੇ ਸਕੂਲ ਵਿੱਚ ਤਲਾਸ਼ੀ ਅਭਿਆਨ ਚਲਾਇਆ ਅਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ। ਤਲਾਸ਼ੀ ਅਭਿਆਨ ਦੌਰਾਨ ਸੁਰੱਖਿਆ ਦਲ ਅਤੇ ਸੀਨੀਅਰ ਅਧਿਕਾਰੀਆਂ ਨੇ ਸਕੂਲ ਪ੍ਰਬੰਧਕਾਂ ਨਾਲ ਮੀਟਿੰਗ ਕਰਕੇ ਸੁਰੱਖਿਆ ਸੰਬੰਧੀ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ ।

-------------------------------------------------------------------

ਮੋਗਾ ਪੁਲਿਸ ਨੇ 2 ਮੁਲਜ਼ਮਾਂ ਨੂੰ 3 ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕੀਤਾ ਏ।ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਲਖਵਿੰਦਰ ਸਿੰਘ ਇੱਕ ਪਾਕਿਸਤਾਨ-ਅਧਾਰਤ ਹੈਂਡਲਰ ਦੇ ਇਸ਼ਾਰੇ 'ਤੇ ਕੰਮ ਕਰ ਰਿਹਾ ਏ । ਅਸਲਾ ਐਕਟ ਤਹਿਤ ਪੁਲਿਸ ਥਾਣਾ ਮੋਗਾ ਵਿਖੇ ਇੱਕ

ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਦਰਜ ਕੀਤੀ ਜਾ ਰਹੀ ਏ ।

---------------------------------------------------------------------------

ਓਧਰ ਮਾਨਸਾ ਜ਼ਿਲ੍ਹੇ ਦੇ ਸਰਦੂਲਗੜ੍ਹ ਸ਼ਹਿਰ ਵਿਚ ਦਿਨ ਦਿਹਾੜੇ ਕੁਝ ਵਿਅਕਤੀਆਂ ਵੱਲੋਂ ਇਕ ਫਾਰਮ ਹਾਉਸ ਤੇ ਗੋਲੀਆਂ ਚਲਾਕੇ ਦੋ ਵਿਅਕਤੀਆਂ ਦਾ ਕਤਲ ਕਰ ਦਿੱਤਾ ਗਿਆ ਏ । ਸਾਡੇ ਪਤਕਾਰ ਨੇ ਦਸਿਆ ਕਿ ਜਸਵੀਰ ਕੁਮਾਰ ਕਾਕਾ ਆਪਣੇ ਫਾਰਮ ਵਿਚ ਕਾਮੇ ਬਲਦੇਵ ਸਿੰਘ ਨਾਲ ਕੰਮ ਕਰ ਰਿਹਾ ਸੀ। ਓਸੇ ਦੌਰਾਨ ਦੋ ਵਿਅਕਤੀ ਆਏ ਅਤੇ ਉਨ੍ਹਾਂ ਉਪਰ ਗੋਲੀਆਂ ਚਲਾ ਦਿੱਤੀਆਂ, ਜਿਸ ਕਰਕੇ ਉਨ੍ਹਾਂ ਦੋਵਾਂ ਦੀ ਮੌਤ ਹੋ ਗਈ। ਸਰਦੂਲਗੜ੍ਹ ਦੇ ਡੀ.ਐਸ.ਪੀ ਮਨਜੀਤ ਸਿੰਘ ਨੇ ਕਿਹਾ ਕੇ ਪੁਲੀਸ ਅਗਲੀ ਕਾਰਵਾਈ ਅਤੇ ਜਾਂਚ ਕਰ ਰਹੀ ਏ ।

---------------------------------------------------------------------------

ਆਈ.ਸੀ.ਸੀ ਟਵੈਂਟੀ-ਟਵੈਂਟੀ ਵਿਸ਼ਵ ਕੱਪ ਦੇ ਸੁਪਰ-8 ਗਰੁੱਪ 2 ਮੈਚ ਵਿੱਚ, ਕੋਲੰਬੋ ਦੇ ਆਰ. ਪ੍ਰੇਮਦਾਸਾ ਸਟੇਡੀਅਮ ਵਿੱਚ ਇੰਗਲੈਂਡ ਦਾ ਮੁਕਾਬਲਾ ਨਿਊਜ਼ੀਲੈਂਡ ਨਾਲ ਹੋਵੇਗਾ । ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਐਤਵਾਰ ਨੂੰ ਕੋਲਕਾਤਾ ਦੇ ਈਡਨ ਗਾਰਡਨ ਵਿੱਚ ਆਪਣੇ ਆਖਰੀ ਸੁਪਰ 8 ਮੈਚ ਵਿੱਚ ਭਾਰਤ ਦਾ ਮੁਕਾਬਲਾ ਵੈਸਟਇੰਡੀਜ਼ ਨਾਲ ਹੋਵੇਗਾ । ਇਸ ਮੈਚ ਦਾ ਨਤੀਜਾ ਟੂਰਨਾਮੈਂਟ ਵਿੱਚ ਭਾਰਤ ਦੀ ਕਿਸਮਤ ਦਾ

ਫੈਸਲਾ ਕਰੇਗਾ। ਟਵੈਂਟੀ-ਟਵੈਂਟੀ ਵਿਸ਼ਵ ਕੱਪ ਦੇ ਸੈਮੀਫਾਈਨਲ 4 ਅਤੇ 5 ਮਾਰਚ ਨੂੰ ਖੇਡੇ ਜਾਣਗੇ, ਜਿਸ ਵਿੱਚ ਫਾਈਨਲ ਮੈਚ 8 ਮਾਰਚ ਨੂੰ ਹੋਵੇਗਾ।

---------------------------------------------------------------------------

- ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਬਿੱਟੂ ਨੇ ਪਠਾਨਕੋਟ ਜ਼ਿਲ੍ਹੇ ਵਿੱਚ ਚੱਲ ਰਹੇ ਰੇਲਵੇ ਪ੍ਰੋਜੈਕਟਾਂ ਦਾ ਜਾਇਜ਼ਾ ਲਿਆ -ਕਿਹਾ ਅੰਡਰਪਾਸ ਵਿੱਚ ਆਉਣ ਵਾਲੀਆਂ ਰੁਕਾਵਟਾਂ ਨੂੰ ਕੀਤਾ ਜਾਵੇਗਾ ਦੂਰ ।
- ਪੰਜਾਬ BJP ਪ੍ਰਧਾਨ ਸੁਨੀਲ ਜਾਖੜ ਨੇ ਬੀਤੇ ਇਨੀ ਪੁਲਿਸ ਮੁਲਾਜ਼ਮਾਂ ਦੇ ਕਤਲ ਮਾਮਲੇ 'ਚ ਤਰਨਤਾਰਨ ਵਿੱਚ ਰਣਜੀਤ ਸਿੰਘ ਦੇ ਪੁਲਿਸ ਮੁਕਾਬਲੇ ਦੀ ਆਜ਼ਾਦ , ਭਰੋਸੇਯੋਗ ਅਤੇ ਪਾਰਦਰਸ਼ੀ ਜਾਂਚ ਦੀ ਮੰਗ ਕੀਤੀ ।
- ਪੰਜਾਬ ਸਰਕਾਰ ਨੇ ਸੁਣਨ ਤੋਂ ਅਸਮਰਥ ਬੱਚਿਆਂ ਦੀ ਸਹੂਲਤ ਲਈ, ਸੂਬੇ ਦੇ ਸਾਰੇ ਮੈਡੀਕਲ ਕਾਲਜਾਂ ਨੂੰ ਮੁਫ਼ਤ ਪ੍ਰਦਾਨ ਕੀਤੇ ਕੋਕਲੀਅਰ ਇਮਪਲਾਂਟ I
- ਪੰਜਾਬ ਭਰ ਵਿਚ ਜ਼ਿਲ੍ਹਾ ਪ੍ਰਸ਼ਾਸਨਾਂ ਵੱਲੋਂ ਪੰਚਾਇਤ ਸਮਿਤੀ ਅਤੇ ਜ਼ਿਲ੍ਹਾ ਪਰਿਸ਼ਦ ਦੇ ਨਵੇਂ ਚੁਣੇ ਗਏ ਮੈਂਬਰਾਂ ਲਈ ਸਹੁੰ ਚੁੱਕ ਸਮਾਗਮ ਦਾ ਆਯੋਜਨ ।

- ICC ਟਵੈਂਟੀ-ਟਵੈਂਟੀ ਵਿਸ਼ਵ ਕੱਪ ਦੇ ਸੁਪਰ-8 ਗਰੁੱਪ 2 ਮੈਚ ਵਿੱਚ, ਅੱਜ ਸ਼ਾਮ ਇੰਗਲੈਂਡ ਦਾ ਮੁਕਾਬਲਾ ਨਿਊਜ਼ੀਲੈਂਡ ਨਾਲ ਹੋਵੇਗਾ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**